# ਵਰਲਡ ਪੰਜਾਬੀ ਟਾਈਮਜ਼

WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 98772-46588, +1 (418) 887-0162

Epaper World Punjabi Times 04 ਦਸੰਬਰ 2023 ਦਿਨ ਸੋਮਵਾਰ ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## ਰੋਪੜ ਦੀ ਨੰਨ੍ਹੀ ਪਰੀ ਕੋਹਿਨੂਰ ਕੌਰ (7 ਸਾਲ) ਨੇ ਕਰਾਟੇ ਮੁਕਾਬਲੇ ਵਿੱਚ ਜਿੱਤਿਆ ਕਾਂਸੇ ਦਾ ਤਮਗਾ

ਵਰਲਡ ਪੰਜਾਬੀ ਟਾਈਮਜ਼ ਗੁਰਬਿੰਦਰ ਸਿੰਘ ਰੋਮੀ



ਰੋਪੜ, 04 ਦਸੰਬਰ : ਸਾਹਿਬਜ਼ਾਦਾ ਅਜੀਤ ਸਿੰਘ ਅਕੈਡਮੀ ਰੂਪਨਗਰ ਦੀ ਦੂਜੀ ਜਮਾਤ ਦੀ ਵਿਦਿਆਰਥਣ ਕੋਹਿਨੂਰ ਕੌਰ (7 ਸਾਲ) ਨੇ ਆਪਣੇ ਨਾਮ ਵਰਗਾ ਪ੍ਰਦਰਸ਼ਨ ਕਰਦਿਆਂ 43ਵੀਆਂ ਪੰਜਾਬ ਰਾਜ ਅੰਤਰ-ਜਿਲ੍ਹਾ ਪ੍ਰਇਮਰੀ ਸਕੂਲ ਖੇਡਾਂ 2023-24 ਕਰਾਟੇ ਮੁਕਾਬਿਲਆਂ ਦੇ +34 ਕਿੱਲੋ ਭਾਰ ਵਰਗ ਵਿੱਚ ਕਾਂਸੇ ਦਾ ਤਮਗਾ ਜਿੱਤ ਕੇ ਆਪਣੇ ਪੰਜਾਬ, ਜਿਲ੍ਹੇ, ਸਕੂਲ ਅਤੇ ਮਾਪਿਆਂ ਦਾ ਮਾਣ ਵਧਾਇਆ। ਇਸ ਮਾਣਮੱਤੀ ਪ੍ਰਾਪਤੀ ਲਈ ਨੂਰ ਨੂੰ ਜਿਲ੍ਹਾ ਸਿੱਖਿਆ ਅਫ਼ਸਰ ਸ਼ਾਲੂ ਮਹਿਰਾ, ਉੱਪ ਜਿਲ੍ਹਾ ਸਿੱਖਿਆ ਅਫ਼ਸਰ ਸੁਰਿੰਦਰਪਾਲ ਸਿੰਘ (ਐੱਸ.ਈ.), ਉੱਪ ਜਿਲ੍ਹਾ ਸਿੱਖਿਆ ਅਫ਼ਸਰ ਰੰਜਨਾ ਕਟਿਆਲ (ਪ੍ਰਾਇਮਰੀ), ਜਿਲ੍ਹਾ ਸਪੋਰਟਸ ਕੋਆਰਡੀਨੇਟਰ ਸ਼ਰਨਜੀਤ ਕੌਰ ਤੇ ਜਿਲ੍ਹਾ ਕੋਆਰਡੀਨੇਟਰ ਜਰਨੈਲ ਸਿੰਘ ਨਿੱਕੂਵਾਲ ਨੇ ਉਚੇਚੇ ਤੌਰ 'ਤੇ ਸਨਮਾਨਿਤ ਕੀਤਾ। ਇਸ ਮੌਕੇ ਕਰਾਟੇ ਕੋਚ ਨੀਲ ਕਮਲ ਧੀਮਾਨ, ਗੁਰਪ੍ਰੀਤ ਸਿੰਘ ਚੇਅਰਮੈਨ ਕੌਰ ਵੈੱਲਫੇਅਰ ਫਾਊਂਡੇਸ਼ਨ, ਹਰਪ੍ਰੀਤ ਸਿੰਘ, ਡੀ.ਪੀ.ਈ. ਦਵਿੰਦਰ ਸਿੰਘ, ਜਸਵਿੰਦਰ ਸਿੰਘ ਲਾਡੀ ਅਤੇ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

## ਸਰੀ ਦੇ ਸੰਧੂ ਪਰਿਵਾਰ ਨੂੰ ਸਦਮਾ

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ



ਸਰੀ, 4 ਦਸੰਬਰ : ਸਰੀ ਦੇ ਸੰਧੂ ਪਰਿਵਾਰ ਨੂੰ ਉਸ ਸਮੇਂ ਭਾਰੀ ਗਹਿਰਾ ਸਦਮਾ ਪੁੱਜਿਆ ਜਦੋਂ ਪਰਿਵਾਰ ਦੇ ਮਾਨਯੋਗ ਸ. ਸੁਖਦੇਵ ਸਿੰਘ ਸੰਧੂ 27 ਨਵੰਬਰ ਨੂੰ ਸਦੀਵੀ ਵਿਛੋੜਾ ਦੇ ਗਏ। ਉਨ੍ਹਾਂ ਦਾ ਜਨਮ 5 ਜੂਨ 1951 ਨੂੰ ਪਿੰਡ ਚੇਤ ਸਿੰਘ ਵਾਲਾ ਜ਼ਿਲ੍ਹਾ ਫਰੀਦਕੋਟ ਵਿਖੇ ਹੋਇਆ ਸੀ। ਉਹ 37 ਸਾਲ ਕੈਨੇਡਾ ਦੇ ਸ਼ਹਿਰ ਪ੍ਰਿੰਸ ਰੂਪਰਿਟ ਵਿਖੇ ਰਹੇ ਅਤੇ ਅੱਜ ਕੱਲ੍ਹ ਸਰੀ ਵਿੱਚ ਰਹਿ ਰਹੇ ਸਨ। ਉਨ੍ਹਾਂ ਦਾ ਅੰਤਿਮ ਸੰਸਕਾਰ ਵੈਲੀਵਿਊ ਫਿਊਨਰਲ ਹੋਮ ਸਰੀ (14644 72 ਐਵੀਨਿਊ) ਵਿਖੇ 6 ਦਸੰਬਰ 2023 ਨੂੰ ਹੋਵੇਗਾ ਅਤੇ ਅੰਤਿਮ ਅਰਦਾਸ ਗੁਰਦੁਆਰਾ ਦੁੱਖ ਨਿਵਾਰਨ ਸਾਹਿਬ ਸਰੀ (15255 68 ਐਵੀਨਿਊ) ਵਿਖੇ ਹੋਵੇਗੀ। ਪਰਿਵਾਰ ਦੁੱਖ ਸਾਂਝਾ ਕਰਨ ਲਈ 604-594-1961 'ਤੇ ਸੰਪਰਕ ਕੀਤਾ ਜਾ ਸਕਦਾ ਹੈ।

## ਮਾਲਵਾ ਦੇ ਪ੍ਰਸਿੱਧ ਸ਼ਹਿਰ ਬਠਿੰਡਾ ਵਿੱਚ 4 ਜਨਵਰੀ ਤੋਂ 10 ਜਨਵਰੀ ਤੱਕ ਕਰਵਾਈ ਜਾ ਰਹੀ ਹੈ "ਸ਼ਿਵ ਮਹਾਂਪੁਰਾਣ ਕਥਾ", ਤਿਆਰੀਆਂ ਮੁਕੰਮਲ : ਅਮਰਜੀਤ ਮਹਿਤਾ

### ਬਠਿੰਡਾ ਦੇ ਇਤਿਹਾਸ ਵਿੱਚ ਪਹਿਲੀ ਵਾਰ ਹੋਵੇਗਾ ਇਸ ਤਰ੍ਹਾਂ ਦਾ ਧਾਰਮਿਕ ਸਮਾਗਮ, ਇਤਿਹਾਸਿਕ ਯਾਦਗਾਰ ਤੇ ਪ੍ਰਭਾਵਸ਼ਾਲੀ ਇਕੱਠ ਰਾਹੀਂ ਖੁਸ਼ਹਾਲ ਪੰਜਾਬ ਦੀ ਸਿਰਜਣਾ ਲਈ ਦੇਵੇਗਾ ਸੰਦੇਸ਼

### ਸਮਾਗਮ ਦੇ 7 ਦਿਨ ਪੰਜਾਬ ਸਰਕਾਰ ਦੇ ਨੁਮਾਇੰਦੇ ਵੀ ਹੋਣਗੇ ਸ਼ਾਮਿਲ

### ਸਮਾਜਿਕ ਕੁਰੀਤੀਆਂ ਖ਼ਿਲਾਫ਼ ਸੰਦੇਸ਼ ਦੇਣ ਲਈ ਸਕੂਲੀ ਬੱਚਿਆਂ ਲਈ ਡਰਾਇੰਗ ਮੁਕਾਬਲਿਆਂ ਸਮੇਤ ਖੂਨਦਾਨ ਕੈਂਪ, ਸਾਈਕਲ ਅਤੇ ਬਾਈਕ ਰੈਲੀ ਦਾ ਵੀ ਹੋਵੇਗਾ ਆਯੋਜਨ

ਵਰਲਡ ਪੰਜਾਬੀ ਟਾਈਮਜ਼ ਗੁਰਪ੍ਰੀਤ ਚਹਿਲ

ਬਠਿੰਡਾ, 4 ਦਸੰਬਰ ਮੁਲਾਜ਼ਮਾਂ, ਕਿਸਾਨਾਂ ਅਤੇ ਵਪਾਰੀਆਂ ਸਮੇਤ ਬਠਿੰਡਾ ਸ਼ਹਿਰ ਦੇ ਲੋਕਾਂ ਦੇ ਹਿੱਤਾਂ ਦੀ ਰਾਖੀ ਲਈ ਹਮੇਸ਼ਾ ਹੀ ਯਤਨਸ਼ੀਲ ਪੰਜਾਬ ਕ੍ਰਿਕਟ ਐਸੋਸੀਏਸ਼ਨ ਦੇ ਪ੍ਰਧਾਨ ਅਮਰਜੀਤ ਮਹਿਤਾ ਵੱਲੋਂ ਹੁਣ ਮਾਲਵਾ ਦੇ ਪ੍ਰਸਿੱਧ ਸ਼ਹਿਰ ਬਠਿੰਡਾ ਵਿੱਚ 4 ਜਨਵਰੀ ਤੋਂ 10 ਜਨਵਰੀ ਤੱਕ ਖੇਡ ਸਟੇਡੀਅਮ ਵਿਖੇ ਦੁਪਹਿਰ 2 ਵਜੇ ਤੋਂ ਸ਼ਾਮ 5 ਵਜੇ ਤੱਕ "ਸ਼ਿਵ ਮਹਾਂਪੁਰਾਣ ਕਥਾ" ਦਾ ਆਯੋਜਨ ਕਰਵਾਇਆ ਜਾ ਰਿਹਾ ਹੈ, ਜਿਸ ਲਈ ਤਿਆਰੀਆਂ ਮੁਕੰਮਲ ਕਰ ਲਈਆਂ ਹਨ। ਜਾਣਕਾਰੀ ਅਨੁਸਾਰ ਇਹ ਧਾਰਮਿਕ ਸਮਾਗਮ ਮਾਲਵਾ ਦੇ ਪ੍ਰਸਿੱਧ ਸ਼ਹਿਰ ਬਠਿੰਡਾ ਲਈ ਇੱਕ ਇਤਿਹਾਸਿਕ ਯਾਦਗਾਰ ਸਾਬਿਤ ਹੋਵੇਗਾ, ਜਿਸ ਦਾ ਮੁੱਖ ਮਕਸਦ ਸਮਾਜਿਕ ਕੁਰੀਤੀਆਂ ਖਿਲਾਫ ਲੋਕਾਂ ਨੂੰ ਲਾਮਬੰਦ ਕਰਕੇ ਨਸ਼ਿਆਂ ਦੀ ਕੁੜੱਤਣ ਨੂੰ ਖਤਮ ਕਰਨ ਲਈ ਜਾਗਰੂਕ ਕਰਨਾ ਅਤੇ ਗੁਰੂ ਦੇ ਗਿਆਨ ਨਾਲ



ਭੰਡਾਰ ਭਰਨਾ ਹੈ। ਜਾਣਕਾਰੀ ਦਿੰਦੇ ਹੋਏ ਅਮਰਜੀਤ ਮਹਿਤਾ ਪ੍ਰਧਾਨ ਪੰਜਾਬ ਕ੍ਰਿਕਟ ਐਸੋਸੀਏਸ਼ਨ ਨੇ ਦੱਸਿਆ ਕਿ "ਸ਼ਿਵ ਮਹਾਂਪੁਰਾਣ ਕਥਾ" ਵਿਚ ਅੰਤਰਰਾਸ਼ਟਰੀ ਕਥਾ ਪ੍ਰਵਕਤਾ ਭਾਗਵਤ ਭੂਸ਼ਣ ਪੰਡਿਤ ਪ੍ਰਦੀਪ ਮਿਸ਼ਰਾ ਜੀ ਸੀਹੋਰ ਵਾਲੇ ਪਰਵਚਨ ਕਰਨ ਲਈ ਪਹੁੰਚ ਰਹੇ ਹਨ। ਜਿਨ੍ਹਾਂ ਦੇ ਬਠਿੰਡਾ ਆਗਮਨ ਮੌਕੇ ਰੇਲਵੇ ਸਟੇਸ਼ਨ ਦੇ ਨਜ਼ਦੀਕ ਪੋਸਟ ਆਫਿਸ ਬਾਜ਼ਾਰ ਦੇ ਪ੍ਰਸਿੱਧ ਸ਼੍ਰੀ ਹਨੂੰਮਾਨ ਮੰਦਰ ਤੋਂ ਲੈ ਕੇ ਪ੍ਰਧਾਨ ਪੰਜਾਬ ਕ੍ਰਿਕਟ ਐਸੋਸੀਏਸ਼ਨ ਅਮਰਜੀਤ ਮਹਿਤਾ ਜੀ ਦੇ ਨਿਵਾਸ ਸਥਾਨ ਬੀਬੀ ਵਾਲਾ ਰੋਡ ਤੱਕ ਰੱਥ ਯਾਤਰਾ ਵੀ ਕੱਢੀ ਜਾਵੇਗੀ। ਸਮਾਜਿਕ ਕੁਰੀਤੀਆਂ ਖਿਲਾਫ ਸੰਦੇਸ਼ ਦੇਣ ਵਾਲੇ ਇਸ ਧਾਰਮਿਕ ਸਮਾਗਮ ਮੌਕੇ ਸਕੂਲੀ ਬੱਚਿਆਂ ਦੇ ਡਰਾਇੰਗ ਮੁਕਾਬਲਿਆਂ ਤੋਂ ਇਲਾਵਾ ਖੂਨ ਦਾਨ ਕੈਂਪ, ਸਾਈਕਲ ਅਤੇ ਬਾਈਕ ਰੈਲੀ ਵੀ ਕੱਢੀ ਜਾਵੇਗੀ, ਤਾਂ ਜੋ ਅੱਜ ਦੀ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਖਿਲਾਫ ਲਾਮਬੰਦ ਕਰਕੇ ਤੰਦਰੁਸਤ ਸਿਹਤ ਲਈ ਜਾਗਰੂਕ ਕੀਤਾ ਜਾਵੇ ਅਤੇ ਧਾਰਮਿਕ ਸਮਾਗਮ ਰਾਹੀਂ ਸਮੂਹ ਸ਼ਰਧਾਲੂਆਂ ਨੂੰ ਗੁਰੂ ਦੇ ਗਿਆਨ ਪ੍ਰਤੀ ਜਾਣਕਾਰੀ ਦੇਣ ਦੇ ਨਾਲ ਲਾਮਬੰਦ ਕੀਤਾ ਜਾ ਸਕੇ। 7 ਦਿਨ ਚੱਲਣ ਵਾਲੀ ਸ਼ਿਵ ਮਹਾਂਪੁਰਾਣ ਕਥਾ ਦਾ ਇਹ ਧਾਰਮਿਕ ਸਮਾਗਮ ਪ੍ਰਸਿੱਧ ਸ਼ਹਿਰ ਬਠਿੰਡਾ ਦੇ ਇਤਿਹਾਸ ਵਿੱਚ ਇਤਿਹਾਸਿਕ ਹੋਵੇਗਾ, ਕਿਉਂਕਿ ਇਸ ਵਿੱਚ ਹਜ਼ਾਰਾਂ ਸ਼ਰਧਾਲੂਆਂ ਦੇ ਪਹੁੰਚਣ ਲਈ ਯੋਗ ਪ੍ਰਬੰਧ ਕੀਤੇ ਜਾ ਰਹੇ ਹਨ। ਉਹਨਾਂ ਦੱਸਿਆ ਕਿ ਇਸ ਪ੍ਰੋਗ੍ਰਾਮ ਦੀ ਸਫਲਤਾ ਲਈ ਜ਼ਿਲ੍ਹਾ ਪ੍ਰਸ਼ਾਸਨ ਦਾ ਵੀ ਪੂਰਨ ਸਹਿਯੋਗ ਰਹੇਗਾ ਅਤੇ ਇਸ ਸਮਾਗਮ ਵਿੱਚ ਪੰਜਾਬ ਸਰਕਾਰ ਦੇ ਮੰਤਰੀ ਸਮੇਤ ਵਿਧਾਇਕ, ਚੇਅਰਮੈਨ ਤੇ ਹੋਰ ਸ਼ਖਸੀਅਤਾਂ ਵੀ ਸ਼ਮੂਲੀਅਤ ਕਰਨ ਲਈ ਪਹੁੰਚ ਰਹੀਆਂ ਹਨ। ਸ਼੍ਰੀ ਅਮਰਜੀਤ ਮਹਿਤਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼੍ਰੀ ਬਾਂਕੇ ਬਿਹਾਰੀ ਸੇਵਾ ਸੰਮਤੀ, ਬਠਿੰਡਾ ਵੱਲੋਂ ਇਸ ਸਮਾਗਮ ਦੀ ਸਮੂਚੀ ਦੇਖਰੇਖ ਕੀਤੀ ਜਾਵੇਗੀ। ਜ਼ਿਕਰ ਯੋਗ ਹੈ ਕਿ ਪੰਜਾਬ ਕ੍ਰਿਕਟ ਐਸੋਸੀਏਸ਼ਨ ਦੇ ਪ੍ਰਧਾਨ ਅਮਰਜੀਤ ਮਹਿਤਾ ਜੀ ਵੱਲੋਂ ਬਠਿੰਡਾ ਦੇ ਖੇਡ ਸਟੇਡੀਅਮ ਵਿਖੇ ਹੀ ਇਤਿਹਾਸਿਕ ਯਾਦਗਾਰ ਸੱਭਿਆਚਾਰ ਪ੍ਰੋਗ੍ਰਾਮ ਵੀ ਕਰਵਾਇਆ ਗਿਆ ਸੀ, ਜੋ ਅੱਜ ਵੀ ਇਲਾਕਾ ਨਿਵਾਸੀਆਂ ਦੇ ਦਿਲਾਂ ਤੇ ਅਮਿਟ ਛਾਪ ਦੀ ਤਰ੍ਹਾਂ ਯਾਦਗਾਰ ਬਣਿਆ ਹੋਇਆ ਹੈ ਅਤੇ ਹੁਣ ਇਸ ਧਾਰਮਿਕ ਸਮਾਗਮ ਰਾਹੀਂ ਲੋਕਾਂ ਨੂੰ ਸਮਾਜਿਕ ਕੁਰੀਤੀਆਂ, ਖਾਸ ਕਰਕੇ ਨਸ਼ਿਆਂ ਖਿਲਾਫ ਲਾਮਬੰਦ ਕਰਕੇ ਗੁਰੂ ਦੇ ਲੜ ਲਾਉਣ ਲਈ ਉਪਰਾਲੇ ਕੀਤੇ ਜਾ ਰਹੇ ਹਨ, ਜਿਸ ਲਈ ਪੂਰੀਆਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਇਸ ਮੌਕੇ ਉਹਨਾਂ ਸਮੂਹ ਇਲੈਕਟਰੋਨਿਕ ਅਤੇ ਪ੍ਰਿੰਟ ਮੀਡੀਆ ਮੈਂਬਰ ਸਾਹਿਬਾਨਾਂ ਨੂੰ ਇਹਨਾਂ ਸਮਾਗਮਾਂ ਲਈ ਵਿਸ਼ੇਸ਼ ਕਵਰੇਜ ਕਰਨ ਦੀ ਅਪੀਲ ਕਰਦਿਆਂ ਪੂਰਨ ਸਹਿਯੋਗ ਦੇਣ ਦਾ ਸੱਦਾ ਦਿੱਤਾ ਹੈ। ਇਸ ਦੌਰਾਨ ਪ੍ਰੋਗ੍ਰਾਮ ਦਾ ਪੋਸਟਰ ਵੀ ਰਿਲੀਜ਼ ਕੀਤਾ ਗਿਆ। ਇਸ ਮੌਕੇ ਤੇ ਉਨ੍ਹਾਂ ਨਾਲ ਸੋਨੂੰ ਗਰਗ, ਰਾਕੇਸ਼ ਜਿੰਦਲ ਬੌਬੀ, ਯੋਗੇਸ਼ ਗੋਇਲ, ਵਿਪਨ ਜਿੰਦਲ, ਪੰਕਜ ਗੋਇਲ, ਰਾਕੇਸ਼ ਕਾਂਸਲ, ਭੂਸ਼ਣ ਕੁਮਾਰ, ਰਵੀ ਗਰਗ, ਵਿਜੇ ਜਿੰਦਲ ਠੇਕੇਦਾਰ, ਹੇਮੰਤ ਕੁਮਾਰ, ਜਸਪਾਲ ਪਾਲੀ, ਈਸ਼ਵਰ ਕੁਮਾਰ, ਸੰਜੀਵ ਕੁਮਾਰ ਅਤੇ ਦਵਿੰਦਰ ਜੈਨ ਹਾਜ਼ਰ ਸਨ।

## ਦੋਗਾਣਾ ਜੋੜੀ ਕੁਲਵਿੰਦਰ ਕੰਵਲ ਤੇ ਸਪਨਾ ਕੰਵਲ ਦਾ ਦੋਗਾਣਾ ਵਰੇਗੰਢ-2 ਰਿਲੀਜ਼ ਕੀਤਾ

ਵਰਲਡ ਪੰਜਾਬੀ ਟਾਈਮਜ਼ ਧਰਮ ਪ੍ਰਵਾਨਾਂ

ਫ਼ਰੀਦਕੋਟ, 4 ਦਸੰਬਰ ( /ਵਰਲਡ ਪੰਜਾਬੀ ਟਾਈਮਜ਼ਪੰਜਾਬੀ ਸੰਗੀਤਕ ਜਗਤ 'ਚ ਜਨਾਬ ਮੁਹੰਮਦ ਸਦੀਕ ਦੇ ਸ਼ਾਗਰਿਦ ਵਜੋਂ ਜਾਣੇ ਜਾਂਦੇ ਪੰਜਾਬ ਦੇ ਨਾਮਵਰ ਸੰਗੀਤਕਾਰ/ਗਾਇਕ ਕੁਲਵਿੰਦਰ ਕੰਵਲ ਤੇ ਬੀਬਾ ਸਪਨਾ ਕੰਵਲ ਦਾ ਨਵਾਂ ਦੋਗਾਣਾ ਵਰੇਗੰਢ-2 ਬੀਤੀ ਸ਼ਾਮ ਉਨ੍ਹਾਂ ਦੇ ਗ੍ਰਹਿ ਵਿਖੇ ਲੋਕ ਗਾਇਕ ਹਰਿੰਦਰ ਸੰਧੂ, ਬਿੱਲਾ ਮਾਣੇਵਾਲੀਆ, ਗਾਇਕ/ਸੰਗੀਤਾਰ ਦਵਿੰਦਰ ਸੰਧੂ, ਮੰਚ ਸੰਚਾਲਕ ਜਸਬੀਰ ਸਿੰਘ ਜੱਸੀ ਅਤੇ ਸੇਵਾ ਮੁਕਤ ਕਾਨੂੰਗੋ ਸੁਖਵਿੰਦਰ ਸ਼ਰਮਾ ਭੋਲਾ ਨੇ ਰਿਲੀਜ਼ ਕੀਤਾ। ਇਸ ਮੌਕੇ ਉਨ੍ਹਾਂ ਨੇ ਦੱਸਿਆ ਕਿ ਇਸ ਗੀਤ ਨੂੰ ਗਿੱਲ ਹਰੀ ਨੌਂ ਵਾਲਾ ਨੇ ਲਿਖਿਆ ਹੈ, ਗੀਤ ਦਾ ਸੰਗੀਤ ਉਨ੍ਹਾਂ ਨੇ ਖੁਦ ਤਿਆਰ ਕੀਤਾ ਹੈ ਅਤੇ ਇਸ ਗੀਤ ਦਾ ਵੀਡੀਓ ਵਿੱਕੀ ਬਾਲੀਵੁੱਡ ਨੇ ਤਿਆਰ ਕੀਤਾ ਹੈ। ਉਨ੍ਹਾਂ ਕਿਹਾ ਵਿਆਹ ਤੋਂ ਖੁਸ਼ਹਾਲੀ ਜ਼ਿੰਦਗੀ ਦਾ ਆਨੰਦ ਮਾਣਨ ਵਾਲੇ ਜੋੜੇ, ਪ੍ਰੀਵਾਰ ਦੀ ਕਹਾਣੀ ਤੇ ਅਧਾਰਿਤ ਇਹ ਗੀਤ ਹੈ। ਉਨ੍ਹਾਂ ਮੌਕੇ ਲੋਕ ਗਾਇਕ ਹਰਿੰਦਰ ਸੰਧੂ ਨੇ ਦੱਸਿਆ ਇਸ ਤੋਂ ਕੁਲਵਿੰਦਰ ਕੰਵਲ-ਸਪਨਾ ਕੰਵਲ ਦੀ ਅਵਾਜ਼ 'ਚ ਗੀਤ ਵਰੇਗੰਢ



'ਆਪਣੇ ਵਿਆਹ ਨੂੰ ਕਿੰਨੇ ਸਾਲ ਹੋ ਗਏ' ਨੂੰ ਦੇਸ਼ ਅਤੇ ਦੁਨੀਆਂ 'ਚ ਵੱਡੇ ਪੱਧਰ ਤੇ ਪਿਆਰ ਮਿਲਿਆ ਸੀ। ਉਮੀਦ ਹੈ ਇਹ ਗੀਤ ਵੀ ਉਸੇ ਤਰ੍ਹਾਂ ਸਵੀਕਾਰਿਆ ਜਾਵੇਗਾ। ਇਸ ਮੌਕੇ ਸੁਰੀਲੀ ਗਾਇਕਾ ਬੇਟੀ ਰਮਣੀਕ, ਗੁਰਚਰਨਪਾਲ ਸ਼ਰਮਾ, ਰੂਬਲ ਸ਼ਰਮਾ ਵੀ ਹਾਜ਼ਰ ਸਨ।

## ਤਰਕਸ਼ੀਲਾਂ ਵੱਲੋਂ ਇਕਾਈ ਸੰਗਰੂਰ ਦੇ ਚੇਤਨਾ ਪਰਖ ਪ੍ਰੀਖਿਆ ਦੇ ਜੇਤੂ ਵਿਦਿਆਰਥੀਆਂ ਦਾ ਸਨਮਾਨ 17 ਦਸੰਬਰ ਨੂੰ ਪਾਰੁਲ ਪੈਲੇਸ ਵਿਖੇ

### ਸਹਿਯੋਗੀ ਸਕੂਲ ਮੁਖੀਆਂ, ਅਧਿਆਪਕ ਸਾਹਿਬਾਨ ਆਦਿ ਨੂੰ ਵੀ ਸਨਮਾਨਿਤ ਕੀਤਾ ਜਾਵੇਗਾ

### ਲੋਕਾਂ ਦਾ ਸੋਚਣ ਢੰਗ ਵਿਗਿਆਨਕ ਬਣਾਉਣ ਲਈ ਯਤਨਸ਼ੀਲ

ਵਰਲਡ ਪੰਜਾਬੀ ਟਾਈਮਜ਼ ਮਾਸਟਰ ਪਰਮਵੇਦ



ਸੰਗਰੂਰ 4 ਦਸੰਬਰ : ਤਰਕਸ਼ੀਲ ਸੁਸਾਇਟੀ ਪੰਜਾਬ ਇਕਾਈ ਸੰਗਰੂਰ ਦੀ ਸਨਮਾਨ ਸਮਾਗਮ ਸੰਬੰਧੀ ਇਕ ਵਿਸੇਸ਼ ਮੀਟਿੰਗ ਮਾਸਟਰ ਪਰਮਵੇਦ ਤੇ ਸੁਰਿੰਦਰਪਾਲ ਦੀ ਅਗਵਾਈ ਵਿੱਚ ਸੰਗਰੂਰ ਵਿਖੇ ਹੋਈ।ਮੀਟਿੰਗ ਦੀ ਕਾਰਵਾਈ ਪ੍ਰੈਸ ਨਾਲ ਸਾਂਝੀ ਕਰਦਿਆਂ ਤਰਕਸ਼ੀਲ ਆਗੂ ਕ੍ਰਿਸ਼ਨ ਸਿੰਘ ਤੇ ਸੀਤਾ ਰਾਮ ਨੇ ਦੱਸਿਆ ਕਿ ਮੀਟਿੰਗ ਵਿੱਚ ਤਰਕਸ਼ੀਲ ਸੁਸਾਇਟੀ ਪੰਜਾਬ ਇਕਾਈ ਸੰਗਰੂਰ ਵੱਲੋਂ ਜੀਵ ਵਿਕਾਸ ਦੇ ਪਿਤਾਮਾ ਚਾਰਲਸ ਡਾਰਵਿਨ ਨੂੰ ਸਮਰਪਿਤ ਕਰਵਾਈ ਪੰਜਵੀਂ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਦੇ ਜੇਤੂ ਵਿਦਿਆਰਥੀਆਂ ਦਾ ਸਨਮਾਨ ਸਮਾਰੋਹ 17 ਦਸੰਬਰ,ਦਿਨ ਐਤਵਾਰ ਨੂੰ ਸਵੇਰੇ 11 ਵਜੇ ਸਥਾਨਕ ਪਾਰੁਲ ਪੈਲੇਸ ਨੇੜੇ ਬਰਨਾਲਾ ਕੈਂਚੀਆਂ ਵਿੱਚ ਕਰਨ ਦਾ ਫੈਸਲਾ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਮਿਡਲ ਤੇ ਸੈਕੰਡਰੀ ਪੱਧਰ ਦੀ ਕਰਵਾਈ ਇਸ ਪ੍ਰੀਖਿਆ ਵਿੱਚ 100 ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਜਾਵੇਗਾ। ਜੇ ਪ੍ਰੀਖਿਆ ਵਿੱਚ ਭਾਗ ਲੈਣ ਕਿਸੇ ਸਕੂਲ ਦੇ ਵਿਦਿਆਰਥੀ ਦਾ ਮੈਰਿਟ ਵਿੱਚ ਕੋਈ ਵੀ ਸਥਾਨ ਨਹੀਂ ਆਉਂਦਾ ਤਾਂ ਉਸ ਸਕੂਲ ਦੇ ਸਭ ਤੋਂ ਨੰਬਰ ਪ੍ਰਾਪਤ ਕਰਨ ਵਾਲੇ ਬੱਚੇ ਨੂੰ ਵੀ ਸਨਮਾਨਿਤ ਕੀਤਾ ਜਾਵੇਗਾ। ਜੇਤੂ ਵਿਦਿਆਰਥੀਆਂ ਨੂੰ ਅਗਾਂਹ ਵਧੂ ਵਿਗਿਆਨਕ ਸੋਚ ਵਾਲੀਆਂ ਕਿਤਾਬਾਂ,ਪੜ੍ਹਨ ਸਮੱਗਰੀ ਤੇ ਸਰਟੀਫਿਕੇਟ ਨਾਲ ਸਨਮਾਨਿਤ ਕੀਤਾ ਜਾਵੇਗਾ।ਪ੍ਰੀਖਿਆ ਵਿੱਚ ਸਹਿਯੋਗ ਕਰਨ ਵਾਲੇ 40 ਸਕੂਲ ਮੁਖੀਆਂ ਤੇ ਅਧਿਆਪਕਾਂ ਨੂੰ ਵੀ ਸਨਮਾਨਿਤ ਕੀਤਾ ਜਾਵੇਗਾ।ਸਨਮਾਨ ਲੈਣ ਲਈ ਵਿਦਿਆਰਥੀਆਂ,ਸਕੂਲ ਮੁਖੀਆਂ ਤੇ ਅਧਿਆਪਕ ਸਾਹਿਬਾਨ ਦੀ ਸਮਾਗਮ ਵਿੱਚ ਸ਼ਮੂਲੀਅਤ ਜ਼ਰੂਰੀ ਹੈ । ਸੂਬਾਈ ਪੱਧਰੀ ਇਸ ਪ੍ਰੀਖਿਆ ਵਿੱਚ ਇਕਾਈ ਸੰਗਰੂਰ ਦੇ ਕੁੱਲ 1874 ਵਿਦਿਆਰਥੀਆਂ ਨੇ ਭਾਗ ਲਿਆ ਸੀ।ਇਸ ਸਨਮਾਨ ਸਮਾਰੋਹ ਦੇ ਮੁਖ ਬੁਲਾਰੇ ਉੱਘੇ ਨਾਟਕਕਾਰ ਤੇ ਆਲੋਚਕ ਡਾਕਟਰ ਕੁਲਦੀਪ ਸਿੰਘ ਦੀਪ ਹੋਣਗੇ, ਜਗਦੇਵ ਕੰਮੋਮਾਜਰਾ ਜਾਦੂ ਸ਼ੋਅ ਰਾਹੀਂ ਤੇ ਰੰਗਕਰਮੀ ਜਗਦੀਸ਼ ਪਾਪੜਾ ਦੀ ਨਿਰਦੇਸ਼ਨਾ ਵਿੱਚ ਮਾਲਵਾ ਹੇਕ ਗਰੁੱਪ ਆਫ ਲਹਿਰਾਗਾਗਾ ਗੀਤਾਂ ਰਾਹੀਂ ਸਾਰਥਕ ਮਨੋਰੰਜਨ ਕਰਨਗੇ। ਵਿਦਿਆਰਥੀ ਪ੍ਰੀਖਿਆ ਨਾਲ ਜੁੜੀਆ ਆਪਣੀਆਂ ਭਾਵਨਾਵਾਂ ਵੀ ਵਿਅਕਤ ਕਰਨਗੇ।

ਮੀਟਿੰਗ ਵਿੱਚ ਉਪਰੋਕਤ ਤੋਂ ਇਲਾਵਾ ਕ੍ਰਿਸ਼ਨ ਸਿੰਘ, ਗੁਰਦੀਪ ਸਿੰਘ ਲਹਿਰਾ, ਸੀਤਾ ਰਾਮ, ਪਰਮਿੰਦਰ ਸਿੰਘ ਮਹਿਲਾਂ,ਪ੍ਰਗਟ ਸਿੰਘ ਬਾਲੀਆਂ, ਸੁਨੀਤਾ ਰਾਣੀ ਨੇ ਸ਼ਮੂਲੀਅਤ ਕੀਤੀ।

## ਪੰਜਾਬ ਸਰਕਾਰ ਵਲੋਂ ਘੱਟ ਗਿਣਤੀ ਕਮਿਸ਼ਨ ਦਾ ਚੇਅਰਮੈਨ ਮੁਸਲਿਮ ਭਾਈਚਾਰੇ ਵਿੱਚੋ ਲਾਉਣਾ ਇਕ ਚੰਗਾ ਕਦਮ

### ਪਰ ਕਿਤੇ ਨਾ ਕਿਤੇ ਜਲਦਬਾਜੀ ਵਿਚ ਲਿਆ ਗਿਆ ਫੈਂਸਲਾ — ਅਸ਼ਰਫ ਖਾਂ

ਵਰਲਡ ਪੰਜਾਬੀ ਟਾਈਮਜ਼ ਗੁਰਪ੍ਰੀਤ ਚਹਿਲ



ਬਠਿੰਡਾ,4 ਦਸੰਬਰ : ਪ੍ਰੈੱਸ ਦੇ ਨਾਮ ਨੋਟ ਜ਼ਾਰੀ ਕਰਦਿਆਂ ਬੜੀ ਜਾਮਾ ਮਸਜਿਦ ਇੰਤਜ਼ਾਮੀਆਂ ਪ੍ਰਬੰਧਕ ਕਮੇਟੀ ਦੇ ਵਾਇਸ ਚੇਅਰਮੈਨ ਮੁਹੰਮਦ ਅਸ਼ਰਫ ਖਾਨ ਨੇਂ ਕਿਹਾ ਕੇ ਪੰਜਾਬ ਸਰਕਾਰ ਵਲੋਂ ਜੋ ਘੱਟ ਗਿਣਤੀ ਕਮਿਸ਼ਨ ਦਾ ਚੇਅਰਮੈਨ ਲਗਾਇਆ ਹੈ ਉਹ ਮੁਸਲਿਮ ਭਾਈਚਾਰੇ ਵਿੱਚੋ ਲਾਇਆ ਗਿਆ ਹੈ।ਇਹ ਪੰਜਾਬ ਸਰਕਾਰ ਦਾ ਇਕ ਵਧੀਆਂ ਫੈਂਸਲਾ ਹੈ ਜਿਸਦਾ ਅਸੀਂ ਸਵਾਗਤ ਕਰਦੇ ਹੈ ਅਤੇ ਪੰਜਾਬ ਸਰਕਾਰ ਦਾ ਧੰਨਵਾਦ ਕਰਦੇ ਹੈ। ਪਰੰਤੂ ਇਸਦੇ ਨਾਲ ਨਾਲ ਮੈਂ ਇਹ ਕਹਿਣਾ ਚਾਹੁੰਦਾ ਹਾਂ ਕੇ ਇਹ ਜੇਕਰ ਇਹ ਚੇਅਰਮੇਨ ਮੁਸਲਿਮ ਭਾਈਚਾਰੇ ਦੇ ਨਾਲ ਨਾਲ ਪੰਜਾਬੀ ਮੁਸਲਿਮ ਪਰਿਵਾਰ ਵਿੱਚੋ ਲਾਇਆ ਜਾਂਦਾ ਤਾਂ ਇਹ ਫੈਂਸਲਾ ਹੋਰ ਵਧੀਆਂ ਹੋ ਜਾਣਾ ਸੀ ਕਿਉਂ ਕੇ ਪੰਜਾਬ ਦੇ ਮੁਸਲਿਮ ਭਾਈਚਾਰੇ ਨੂੰ ਹੀ ਪੰਜਾਬ ਵਿਚ ਰਹਿਣ ਵਾਲੇ ਮੁਸਲਿਮ ਲੋਕਾਂ ਦੇ ਦੁੱਖ ਦਰਦ,ਮੰਗਾ, ਰੀਤੀ ਰਿਵਾਜਾ ਆਦਿ ਦਾ ਪਤਾ ਹੁੰਦਾ ਹੈ। ਪ੍ਰਵਾਸੀ ਭਾਈਚਾਰੇ ਨੂੰ ਨਾ ਤਾਂ ਸਾਡੇ ਰੀਤੀ ਰੀਵਾਜਾਂ ਦਾ ਪਤਾ ਹੈ ਨਾ ਉਹ ਸਾਡੇ ਮੁਦਿਆਂ ਤੋਂ ਜਾਣੂ ਹਨ ਅਤੇ ਸਾਨੂੰ ਕੀ ਦੁੱਖ ਪਰੇਸ਼ਾਨੀਆਂ ਆ ਰਹੀਆਂ ਹਨ ਨਾ ਉਹਨਾਂ ਨੂੰ ਇਸ ਦਾ ਗਿਆਨ ਹੈ ਸੋ ਇਹ ਜਲਦ ਬਾਜੀ ਵਿਚ ਲਿਆ ਗਿਆ ਫੈਂਸਲਾ ਹੈ। ਇਸ ਫੈਂਸਲੇ ਤੋਂ ਮੈਨੂੰ ਇੰਝ ਜਾਪਦਾ ਹੈ ਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਤਾਂ ਨਾਮ ਦੇ ਹੀ ਮੁੱਖ ਮੰਤਰੀ ਹਨ ਅਸਲ ਸਰਕਾਰ ਤਾਂ ਕਿਤੋਂ ਹੋਰ ਹੀ ਚੱਲ ਰਹੀ ਹੈ। ਇਸ ਫੈਂਸਲੇ ਤੇ ਸਰਕਾਰ ਨੂੰ ਗੌਰ ਕਰਦੇ ਹੋਏ ਆਪਣੇ ਫੈਂਸਲੇ ਚ ਸੋਧ ਕਰਨੀ ਚਾਹੀਦੀ ਹੈ ਅਤੇ ਘੱਟ ਗਿਣਤੀ ਕਮਿਸ਼ਨ ਵਿਚ ਪੰਜਾਬੀ ਮੁਸਲਿਮ ਪਰਿਵਾਰ ਨੂੰ ਇਹ ਮਾਣ ਸਤਿਕਾਰ ਦੇਣਾ ਚਾਹੀਦਾ ਹੈ ਤਾਂ ਜੋ ਪੰਜਾਬ ਦੇ ਘੱਟ ਗਿਣਤੀ ਦੇ ਲੋਕਾਂ ਦਾ ਭਲਾ ਹੋ ਸਕੇ।

## ਰਾਸ਼ਟਰੀ ਦੁੱਧ ਦਿਵਸ ਮੌਕੇ ਲੇਖ ਮੁਕਾਬਲਿਆਂ ਵਿੱਚ ਬੂਟਾ ਸਿੰਘ ਵਾਲਾ ਸਕੂਲ ਦੀਆਂ ਵਿਦਿਆਰਥਣਾਂ ਨੇ ਜਿੱਤੇ ਨਕਦ ਇਨਾਮ

ਵਰਲਡ ਪੰਜਾਬੀ ਟਾਈਮਜ਼ ਗੁਰਬਿੰਦਰ ਸਿੰਘ ਰੋਮੀ



ਬਨੂੰੜ, 04 ਦਸੰਬਰ : ਪੰਜਾਬ ਡੇਅਰੀ ਵਿਕਾਸ ਬੋਰਡ ਵੱਲੋਂ 26 ਨਵੰਬਰ ਨੂੰ ਰਾਸ਼ਟਰੀ ਦੁੱਧ ਦਿਵਸ ਮੌਕੇ ਨਰੋਏ ਸਮਾਜ ਦੀ ਸਿਰਜਣਾ ਹਿੱਤ ਦੁੱਧ ਦੇ ਮਹੱਤਵ 'ਤੇ ਕਰਵਾਏ ਲੇਖ ਮੁਕਾਬਲਿਆਂ ਵਿੱਚ ਮੋਹਾਲੀ ਜਿਲ੍ਹੇ ਵਿੱਚੋਂ ਦੋ ਵਿਦਿਆਰਥਣਾਂ ਨੇ ਦੂਜਾ ਤੇ ਤੀਜਾ ਸਥਾਨ ਪ੍ਰਾਪਤ ਕੀਤਾ। ਮਾ. ਹਰਪ੍ਰੀਤ ਸਿੰਘ ਧਰਮਗੜ੍ਹ ਨੇ ਦੱਸਿਆ ਕਿ ਸਾਰੇ ਜਿਲ੍ਹਿਆਂ ਵਿੱਚ ਪਹਿਲੇ ਸਥਾਨ ਹਾਸਲ ਕਰਨ ਵਾਲ਼ੇ ਵਿਦਿਆਰਥੀਆਂ ਨੂੰ ਸ੍ਰੀ ਮੁਕਤਸਰਤ ਸਾਹਿਬ ਵਿਖੇ ਰਾਜ ਪੱਧਰੀ ਸਮਾਗਮ ਵਿੱਚ ਕੈਬਨਿਟ ਮੰਤਰੀ ਪੰਜਾਬ ਗੁਰਮੀਤ ਸਿੰਘ ਖੁੱਡੀਆਂ ਵੱਲੋਂ ਬੂਟਾ ਸਿੰਘ ਵਾਲਾ ਸਕੂਲ ਦੀਆਂ ਦੋ ਵਿਦਿਆਰਥਣਾਂ ਰਮਨਪ੍ਰੀਤ ਕੌਰ ਬਾਰ੍ਹਵੀਂ (ਸਾਇੰਸ) ਨੂੰ ਦੂਜਾ ਦੋ ਹਜ਼ਾਰ ਤੇ ਹਰਜੋਤ ਕੌਰ ਗਿਆਰ੍ਹਵੀਂ (ਸਾਇੰਸ) ਨੂੰ ਤੀਜਾ ਸਥਾਨ ਪ੍ਰਾਪਤ ਕਰਨ ਤੇ ਇੱਕ ਹਜ਼ਾਰ ਰੁਪਏ ਨਕਦ ਇਨਾਮਾਂ, ਸਰਟੀਫਿਕੇਟਾਂ ਅਤੇ ਸਨਮਾਨ ਚਿੰਨ੍ਹਾਂ ਨਾਲ਼ ਸਨਮਾਨਿਤ ਕੀਤਾ। ਸਕੂਲ ਪਹੁੰਚਣ 'ਤੇ ਇਨ੍ਹਾਂ ਨੂੰ ਸਵੇਰ ਦੀ ਸਭਾ ਦੌਰਾਨ ਪ੍ਰਿੰ. ਜਯੋਤੀ ਚਾਵਲਾ ਵੱਲੋਂ ਵਧਾਈਆਂ ਦਿੰਦਿਆਂ ਸਨਮਾਨਿਤ ਕੀਤਾ। ਮੁਕਾਬਲਿਆਂ ਦੀ ਤਿਆਰੀ ਕਰਵਾਉਣ ਵਾਲੇ ਪੰਜਾਬੀ ਲੈਕਚਰਾਰ ਅਮਰਜੀਤ ਕੌਰ ਦਾ ਵਿਸ਼ੇਸ਼ ਧੰਨਵਾਦ ਅਤੇ ਸ਼ਲਾਘਾ ਕੀਤੀ।

## ਮਨਿਸਟੀਰੀਅਲ ਸਟਾਫ਼ ਦੀ ਹੜਤਾਲ ਅਤੇ ਮੰਗਾਂ ਦੀ ਹਮਾਇਤ ਵਿੱਚ ਮੁੱਖ ਮੰਤਰੀ ਪੰਜਾਬ ਦੇ ਨਾਂਅ ਡੀ.ਸੀ. ਨੂੰ ਦਿੱਤਾ ਮੰਗ ਪੱਤਰ

### 14 ਦਸੰਬਰ ਨੂੰ ਕੋਟਕਪੂਰਾ, ਜੈਤੋ ਅਤੇ 15 ਦਸੰਬਰ ਨੂੰ ਫਰੀਦਕੋਟ ਵਿਖੇ ਮੁੱਖ ਮੰਤਰੀ ਪੰਜਾਬ ਸਰਕਾਰ ਭਗਵੰਤ ਮਾਨ ਦੇ ਪੁਤਲੇ ਸਾੜਨ ਦਾ ਫੈਸਲਾ

ਵਰਲਡ ਪੰਜਾਬੀ ਟਾਈਮਜ਼



ਫਰੀਦਕੋਟ, 4 ਦਸੰਬਰ : ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਵੱਲੋਂ ਉਲੀਕੇ ਗਏ ਐਕਸ਼ਨ ਪ੍ਰੋਗਰਾਮ ਅਨੁਸਾਰ ਫਰੀਦਕੋਟ ਜ਼ਿਲ੍ਹੇ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੇ ਨਾਂ ਇੱਕ ਮੰਗ ਪੱਤਰ ਜਿਲੇ ਦੇ ਡਿਪਟੀ ਕਮਿਸ਼ਨਰ ਵਿਨੀਤ ਕੁਮਾਰ ਆਈ ਏ ਐੱਸ ਨੂੰ ਦਿੱਤਾ ਗਿਆ। ਇਸ ਮੌਕੇ ਸਾਂਝਾ ਫਰੰਟ ਦੇ ਆਗੂ ਪ੍ਰੇਮ ਚਾਵਲਾ, ਸਿਮਰਜੀਤ ਸਿੰਘ ਬਰਾੜ, ਵੀਰਇੰਦਰ ਜੀਤ ਸਿੰਘ ਪੂਰੀ , ਇਕਬਾਲ ਸਿੰਘ ਢੁੱਡੀ, ਸੰਤ ਸਿੰਘ ਫਰੀਦਕੋਟ , ਪ੍ਰਿੰਸੀਪਲ ਕ੍ਰਿਸ਼ਨ ਲਾਲ, ਬਿਸ਼ਨ ਦਾਸ ਅਰੋੜਾ, ਜਸਮੇਲ ਸਿੰਘ, ਮਨਦੀਪ ਸਿੰਘ ਸਾਦਿਕ ਸਿਹਤ ਵਿਭਾਗ, ਰਾਜਿੰਦਰ ਕੁਮਾਰ ਮੰਡੀ ਬੋਰਡ ਤੋਂ ਇਲਾਵਾ ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ ਦੇ ਸੂਬਾ ਪ੍ਰਧਾਨ ਅਮਰੀਕ ਸਿੰਘ ਸੰਧੂ ਆਦਿ ਆਗੂ ਸ਼ਾਮਲ ਸਨ। ਇਸ ਮੰਗ ਪੱਤਰ ਰਾਹੀਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਤੋਂ ਮੰਗ ਕੀਤੀ ਗਈ ਕਿ ਤੁਰੰਤ ਨਿੱਜੀ ਤੌਰ 'ਤੇ ਦਖਲਅੰਦਾਜ਼ੀ ਕਰਕੇ ਮੁਲਾਜ਼ਮ ਆਗੂਆਂ ਨਾਲ ਮੀਟਿੰਗ ਕਰਕੇ ਲਮਕ ਅਵਸਥਾ ਵਿੱਚ ਪਏ ਸਾਰੇ ਮਸਲੇ ਜਿਵੇਂ ਪੁਰਾਣੀ ਪੈਨਸ਼ਨ ਸਕੀਮ ਨੂੰ ਅਸਲ ਰੂਪ ਵਿੱਚ ਬਹਾਲ ਕਰਨ, ਡੀ.ਏ. ਦੀਆਂ ਬਕਾਇਆ ਤਿੰਨ ਕਿਸਤਾਂ ਤੁਰੰਤ ਜਾਰੀ ਕਰਨ, ਤਨਖਾਹ ਕਮਿਸ਼ਨ ਅਤੇ ਲੀਵ ਇਨਕੈਸਮੈਂਟ ਦਾ ਬਣਦਾ ਬਕਾਇਆ ਦੇਣ, ਕੱਚੇ ਅਤੇ ਆਊਟ ਸੋਰਸ ਮੁਲਾਜ਼ਮਾਂ ਨੂੰ ਤੁਰੰਤ ਪੱਕੇ ਕਰਨ ਆਦਿ ਲਮਕ ਅਵਸਥਾ ਵਿੱਚ ਪਈਆਂ ਸਾਰੀਆਂ ਮੰਗਾਂ ਦਾ ਤੁਰੰਤ ਹੱਲ ਕਰਨ। ਇਸ ਤੋਂ ਪਹਿਲਾਂ ਸਥਾਨਕ ਪੈਨਸ਼ਨਰ ਭਵਨ ਵਿੱਚ ਪ੍ਰਿੰਸੀਪਲ ਕ੍ਰਿਸ਼ਨ ਲਾਲ ਦੀ ਪ੍ਰਧਾਨਗੀ ਹੇਠ ਮੀਟਿੰਗ ਕਰਕੇ ਫੈਸਲਾ ਕੀਤਾ ਗਿਆ ਕਿ ਸਮੂਹ ਮੁਲਾਜ਼ਮਾ ਤੇ ਪੈਨਸ਼ਨਾਂ ਦੀਆਂ ਸਾਂਝੀਆਂ ਮੰਗਾਂ ਦੀ ਪ੍ਰਾਪਤੀ ਲਈ ਅਤੇ ਪੰਜਾਬ ਸਰਕਾਰ ਦੇ ਮੁਲਾਜ਼ਮ ਅਤੇ ਪੈਨਸ਼ਨਰ ਵਿਰੋਧੀ ਵਤੀਰੇ ਦੇ ਖਿਲਾਫ 14 ਦਸੰਬਰ ਨੂੰ ਸਵੇਰੇ 11:00 ਵਜੇ ਮਿਉਂਸਪਲ ਪਾਰਕ ਕੋਟਕਪੂਰਾ ਵਿਖੇ 14 ਦਸੰਬਰ ਨੂੰ ਦੁਪਹਿਰ 3:00 ਵਜੇ ਐਸ ਡੀ ਐਮ ਦਫਤਰ ਜੈਤੋ ਵਿਖੇ ਅਤੇ 15 ਦਸੰਬਰ ਨੂੰ ਸਵੇਰੇ 11:00 ਵਜੇ ਡਿਪਟੀ ਕਮਿਸ਼ਨਰ ਫਰੀਦਕੋਟ ਦੇ ਦਫਤਰ ਮਿੰਨੀ ਸਕੱਤਰੇਤ ਸਾਹਮਣੇ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੇ ਪੁਤਲੇ ਫੂਕੇ ਜਾਣਗੇ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਪੈਨਸ਼ਨਰ ਆਗੂ ਇੰਦਰਜੀਤ ਸਿੰਘ ਖੀਵਾ, ਨਛੱਤਰ ਸਿੰਘ ਭਾਣਾ, ਅਮਰਜੀਤ ਸਿੰਘ ਵਾਲੀਆ, ਰਾਜਿੰਦਰ ਕੁਮਾਰ ਮੰਡੀ ਬੋਰਡ, ਰਾਜ ਧਾਲੀਵਾਲ, ਸੋਹਣ ਸਿੰਘ, ਬਲਿਵੰਦਰ ਸਿੰਘ, ਸੁਖਦੇਵ ਸਿੰਘ, ਸੁਖਦਰਸ਼ਨ ਸਿੰਘ, ਬਲਬੀਰ ਸਿੰਘ ਧੀਰ, ਹਰੀ ਓਮ ਪ੍ਰਕਾਸ਼,ਕਰਮਜੀਤ ਸਿੰਘ,ਗੁਰਦਰਸ਼ਨ ਸਿੰਘ, ਕਰਮਜੀਤ ਸਿੰਘ ਬੇਦੀ, ਬਲਵਿੰਦਰ ਸਿੰਘ ਸੰਧੂ ਅਤੇ ਬਖਸ਼ੀਸ਼ ਸਿੰਘ ਆਦਿ ਵੀ ਹਾਜ਼ਰ ਸਨ।

